ਆਸਾ ਮਹਲਾ ੫ ॥ ਆਪੁਨੀ ਭਗਤਿ ਨਿਬਾਹਿ ॥ ਠਾਕੁਰ ਆਇਓ ਆਹਿ ॥ ੧॥ ਰਹਾਉ ॥ ਨਾਮੁ ਪਦਾਰਥੁ ਹੋਇ ਸਕਾਰਥੁ ਹਿਰਦੈ ਚਰਨ ਬਸਾਹਿ ॥੧॥ ਏਹ ਮੁਕਤਾ ਏਹ ਜੁਗਤਾ ਰਾਖਹੁ ਸੰਤ ਸੰਗਾਹਿ ॥੨॥ ਨਾਮੁ ਧਿਆਵਉ ਸਹਜਿ ਸਮਾਵਉ ਨਾਨਕ ਹਰਿ ਗੁਨ ਗਾਹਿ ॥੩॥੬॥੧੪੬॥ {ਪੰਨਾ 407}

ਪਦਅਰਥ:- ਨਿਬਾਹਿ—ਸਦਾ ਵਾਸਤੇ ਦੇਈ ਰੱਖ। ਠਾਕੁਰ—ਹੇ ਠਾਕੁਰ! ਆਹਿ—ਤਾਂਘ ਕਰ ਕੇ।1। ਰਹਾਉ।

ਪਦਾਰਥੁ—ਕੀਮਤੀ ਚੀਜ਼। ਸਕਾਰਥੁ—ਸਫਲ, ਕਾਮਯਾਬ। ਬਸਾਹਿ—ਵਸਾਈ ਰੱਖ।1।

ਮੁਕਤਾ—ਮੁਕਤੀ। ਜੁਗਤਾ—ਜੁਗਤੀ। ਸੰਗਾਹਿ—ਸੰਗਤਿ ਵਿਚ।2।

ਧਿਆਵਉ—ਮੈਂ ਸਿਮਰਦਾ ਹਾਂ। ਸਹਜਿ—ਆਤਮਕ ਅਡੋਲਤਾ ਵਿਚ। ਗਾਹਿ—ਗਾਹ ਕੇ, ਚੁੱਭੀ ਲਾ ਕੇ।3।

ਅਰਥ:- ਹੇ ਮੇਰੇ ਮਾਲਕ! ਮੈਂ ਤਾਂਘ ਕਰ ਕੇ (ਤੇਰੀ ਸਰਨ) ਆਇਆ ਹਾਂ, ਮੈਨੂੰ ਆਪਣੀ ਭਗਤੀ ਸਦਾ ਦੇਈ ਰੱਖ।1। ਰਹਾਉ।

ਹੇ ਮੇਰੇ ਮਾਲਕ! ਆਪਣੇ ਚਰਨ ਮੇਰੇ ਹਿਰਦੇ ਵਿਚ ਵਸਾਈ ਰੱਖ, ਮੈਨੂੰ ਆਪਣਾ ਕੀਮਤੀ ਨਾਮ ਦੇਈ ਰੱਖ, ਤਾਕਿ ਮੇਰਾ ਜੀਵਨ ਸਫਲ ਹੋ ਜਾਏ।1।

ਹੇ ਮੇਰੇ ਮਾਲਕ! ਮੈਨੂੰ ਆਪਣੇ ਸੰਤਾਂ ਦੀ ਸੰਗਤਿ ਵਿਚ ਰੱਖੀ ਰੱਖ, ਇਹੀ ਮੇਰੇ ਵਾਸਤੇ ਮੁਕਤੀ ਹੈ, ਤੇ ਇਹੀ ਮੇਰੇ ਵਾਸਤੇ ਜੀਵਨ-ਚੱਜ ਹੈ।2।

ਹੇ ਨਾਨਕ! (ਆਖ—) ਹੇ ਹਰੀ! (ਮੇਹਰ ਕਰ) ਤੇਰੇ ਗੁਣਾਂ ਵਿਚ ਚੁੱਭੀ ਲਾ ਕੇ ਮੈਂ ਤੇਰਾ ਨਾਮ ਸਿਮਰਦਾ ਰਹਾਂ ਤੇ ਆਤਮਕ ਅਡੋਲਤਾ ਵਿਚ ਟਿਕਿਆ ਰਹਾਂ।3।6। 146।